ਸ਼ਹੀਦੀ ਸ਼ਤਾਬਦੀ ਮੌਕੇ ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਵਿਦਿਆਰਥੀਆਂ ਦੇ ਗੁਰਮਤਿ ਮੁਕਾਬਲਿਆਂ ਤੋਂ ਬਾਅਦ ਜੇਤੂ ਟੀਮਾਂ ਨਾਲ ਪ੍ਰਿੰਸੀਪਲ ਚਰਨਜੀਤ ਸਿੰਘ ਤੇ ਹੋਰ ਸ਼ਖ਼ਸੀਅਤਾਂ।

ਸ੍ਰੀ ਕੇਸਗੜ੍ਹ ਸਾਹਿਬ ਤੇ ਸਿੱਖ ਮਿਸ਼ਨਰੀ ਕਾਲਜ ਨੇ ਸਕੂਲੀ ਬੱਚਿਆਂ ਦਾ ਕਰਵਾਇਆ ਗੁਰਮਤਿ ਪ੍ਰਸ਼ਨੋਤਰੀ ਮੁਕਾਬਲਾ

ਸ੍ਰੀ ਅਨੰਦਪੁਰ ਸਾਹਿਬ, 27 ਨਵੰਬਰ (ਜੇ. ਐਸ. ਨਿੱਕੂਵਾਲ)-ਗੁਰੂ ਤੇਗ ਬਹਾਦਰ ਜੀ, ਭਾਈ ਮਤੀ ਦਾਸ, ਭਾਈ ਸਤੀ ਦਾਸ ਤੇ ਭਾਈ ਦਿਆਲਾ ਦੀ 350 ਸਾਲਾਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਲੋਂ ਸਿੱਖ ਮਿਸ਼ਨਰੀ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਸਹਿਯੋਗ ਨਾਲ ਸਕੂਲੀ ਬੱਚਿਆਂ 'ਚ ਧਾਰਮਿਕ ਪ੍ਰਸ਼ਨੋਤਰੀ ਮੁਕਾਬਲੇ ਕਰਵਾਏ ਗਏ। ਇਸ ਲਿਖਤੀ ਧਾਰਮਿਕ ਪ੍ਰੀਖਿਆਵਾਂ 'ਚ 10 ਸਕੂਲਾਂ ਦੇ 150 ਬੱਚਿਆਂ ਨੇ ਭਾਗ ਲਿਆ। ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਵਲੋਂ ਵਿਸੇਸ਼ ਤੌਰ 'ਤੇ ਸਿਰਕਤ ਕੀਤੀ ਗਈ। ਸਾਰਿਆਂ ਤੋਂ ਵੱਧ ਅੰਕ ਲੈਣ ਵਾਲੇ ਪੰਜ ਸਕੂਲਾਂ ਦੇ ਪਹਿਲੇ ਨੰਬਰ 'ਤੇ ਆਏ ਬੱਚਿਆਂ ਦਾ ਪ੍ਰਸ਼ਨੋਤਰੀ ਮੁਕਾਬਲਾ 23 ਨਵੰਬਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿਚ ਸਮੂਹ ਸੰਗਤਾਂ ਦੇ ਸਾਹਮਣੇ ਪਰਦੀ ਸਿਸਟਮ ਰਾਹੀਂ ਕੀਤਾ ਗਿਆ। ਮੁਕਾਬਲੇ ਦੌਰਾਨ ਬੱਚਿਆਂ ਦੇ ਨਾਲ-ਨਾਲ ਪੜ੍ਹੇ-ਲਿਖੇ ਸਿੱਖ ਨੌਜਵਾਨਾਂ ਵਲੋਂ ਵੀ ਖਾਸ ਰੁਚੀ ਦਿਖਾਈ ਗਈ। ਮੁਕਾਬਲੇ 'ਚ ਹਿਮਪ੍ਰੀਤ ਸਿੰਘ ਭਾਈ ਨੰਦ ਲਾਲ ਪਬਲਿਕ ਸਕੂਲ, ਸ੍ਰੀ ਅਨੰਦਪੁਰ ਸਾਹਿਬ ਪਹਿਲੇ ਸਥਾਨ, ਨਮਨਪ੍ਰੀਤ ਕੌਰ ਸੰਤ ਬਾਬਾ ਸੇਵਾ ਸਿੰਘ ਜੀ ਖਾਲਸਾ ਮਾਡਰਨ ਸਕੂਲ ਭੱਲੜੀ ਤੇ ਮਨਸੀਰਤ ਕੌਰ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਲੋਧੀਪੁਰ ਦੂਜੇ ਸਥਾਨ, ਹਸਮੀਤ ਕੌਰ ਬਾਬਾ ਗੁਰਦਿੱਤਾ ਜੀ ਪਬਲਿਕ ਸਕੂਲ ਡੂਮੇਵਾਲ ਤੀਜੇ ਸਥਾਨ ਤੇ ਪਾਰੂਲ ਬਾਬਾ ਗੁਰਦਿੱਤਾ ਜੀ ਪਬਲਿਕ ਸਕੂਲ ਜਿੰਦਵੜੀ ਚੌਥੇ ਸਥਾਨ 'ਤੇ ਰਹੇ। ਇਸ ਮੌਕੇ ਜੇਤੂਆਂ ਨੂੰ ਨਕਦੀ ਇਨਾਮ ਤੇ ਮੂਮੈਂਟੋ ਦੇ ਕੇ ਸਨਮਾਨਿਤ ਵੀ ਕੀਤਾ। ਇਸ ਮੌਕੇ ਪ੍ਰਿੰਸੀਪਲ ਚਰਨਜੀਤ ਸਿੰਘ ਵਲੋਂ ਮੰਚ ਸੰਭਾਲਣ ਦੇ ਨਾਲ-ਨਾਲ ਸਿੱਖ ਇਤਿਹਾਸ ਬਾਰੇ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਗ੍ਰੰਥੀ ਭਾਈ ਦਿਲਬਾਗ ਸਿੰਘ, ਚਿਤਵੰਤ ਸਿੰਘ, ਇੰਚਾਰਜ ਭੁਪਿੰਦਰ ਸਿੰਘ, ਜ਼ੋਨਲ ਸਗੰਠਨ ਜਗਮੋਹਨ ਸਿੰਘ, ਪ੍ਰਿਤਪਾਲ ਸਿੰਘ ਗੰਡਾ, ਪਰਮਜੀਤ ਸਿੰਘ, ਦਰਸ਼ਨ ਸਿੰਘ ਆਰੇਵਾਲੇ, ਜਸਵਿੰਦਰਪਾਲ ਸਿੰਘ ਰਾਜਾ, ਅਪਰ ਸਿੰਘ, ਅਕਬਲ ਸਿੰਘ, ਗੁਰਚਰਨ ਸਿੰਘ, ਭੁਪਿੰਦਰ ਕੌਰ, ਰਮਨਦੀਪ ਕੌਰ, ਦਰਸ਼ਨ ਕੌਰ, ਹਰਿੰਦਰ ਕੌਰ ਆਦਿ ਹਾਜ਼ਰ ਸਨ।

ਮਲਟੀਪਰਪਜ਼ ਹੈਲਥ ਵਰਕਰ ਹੋਸ਼ਿਆਰ ਸਿੰਘ ਨੇ ਪੁਰਸ਼ਾਂ ਨੂੰ ਜਾਣਕਾਰੀ ਦਿੰਦਿਆਂ।

ਚੀਰਾ ਰਹਿਤ ਨਸਬੰਦੀ ਪੰਦ੍ਰਵਾੜਾ ਮਨਾਇਆ

ਕਾਹਨਪੁਰ ਖੂਹੀ, 27 ਨਵੰਬਰ (ਗੁਰਬੀਰ ਸਿੰਘ ਵਾਲੀਆ)-ਸਿਵਲ ਸਰਜਨ ਰੂਪਨਗਰ ਡਾ. ਸੁੱਖਵਿੰਦਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾ ਹਰਪ੍ਰੀਤ ਕੌਰ ਦੀ ਅਗਵਾਈ ਹੇਠ ਆਯੁਸ਼ਮਾਨ ਅਰੋਗਿਆ ਕੇਂਦਰ ਕਾਹਨਪੁਰ ਖੂਹੀ ਵਿਖੇ ਐਨ. ਐਸ. ਵੀ. ਪੰਦ੍ਰਵਾੜਾ ਮਨਾਇਆ। ਜਿਸ 'ਚ ਇਕੱਤਰ ਲੋਕਾਂ ਨੂੰ ਚੀਰਾ ਰਹਿਤ ਨਸਬੰਦੀ ਸੰਬੰਧੀ ਜਾਗਰੂਕ ਕੀਤਾ। ਇਸ ਮੌਕੇ ਮਲਟੀਪਰਪਜ਼ ਹੈਲਥ ਵਰਕਰ ਹੋਸ਼ਿਆਰ ਸਿੰਘ ਨੇ ਪੁਰਸ਼ਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਅਪ੍ਰੇਸ਼ਨ ਬਹੁਤ ਹੀ ਕਾਮਯਾਬ ਹੈ। ਇਸ 'ਚ ਕੋਈ ਵੀ ਚੀਰਾ ਅਤੇ ਟਾਂਕਾ ਨਹੀਂ ਲਗਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਅਪ੍ਰੇਸ਼ਨ ਕਰਵਾਉਣ ਤੋਂ ਤੁਰੰਤ ਬਾਅਦ ਵਿਅਕਤੀ ਨੂੰ ਹਸਪਤਾਲ ਤੋਂ ਛੁੱਟੀ ਹ�ो ਜਾਂਦੀ ਹੈ ਅਤੇ ਕੰਮ ਕਰਨ 'ਚ ਵੀ ਕੋਈ ਪ੍ਰੇਸ਼ਾਨੀ ਨਹੀਂ ਹੁੰਦੀ ਤੇ ਨਾ ਹੀ ਕੋਈ ਸਰੀਰਕ ਸਮੱਸਿਆ ਆਉਂਦੀ ਹੈ। ਉਨ੍ਹਾਂ ਦੱਸਿਆ ਕਿ ਇਹ ਅਪ੍ਰੇਸ਼ਨ ਸਰਕਾਰੀ ਹਸਪਤਾਲਾਂ ਵਿਚ ਮੁਫ਼ਤ ਕੀਤਾ ਜਾਂਦਾ ਹੈ, ਜਿਸ ਦਾ ਹਰੇਕ ਜ਼ਰੂਰਤਮੰਦ ਵਿਅਕਤੀ ਨੂੰ ਲਾਭ ਉਠਾਉਣਾ ਚਾਹੀਦਾ ਹੈ।

ਪਿੰਡ ਬੜਵਾ ਵਿਖੇ ਦੁੱਖ ਸਾਂਝਾ ਕਰਦੇ ਹੋਏ ਸਾਬਕਾ ਵਿਧਾਇਕ ਅਮਰਜੀਤ ਸਿੰਘ ਸੰਦੋਆ। ਤਸਵੀਰ : ਵਿੰਦਰਪਾਲ ਝਾਂਡੀਆਂ

ਸਾਬਕਾ ਵਿਧਾਇਕ ਅਮਰਜੀਤ ਸਿੰਘ ਸੰਦੋਆ ਨੇ ਪਿੰਡ ਬੜਵਾ ਵਿਖੇ ਕੀਤਾ ਦੁੱਖ ਸਾਂਝਾ

ਨੂਰਪੁਰ ਬੇਦੀ, 27 ਨਵੰਬਰ (ਵਿੰਦਰਪਾਲ ਝਾਂਡੀਆਂ)-ਵਿਧਾਨ ਸਭਾ ਹਲਕਾ ਰੂਪਨਗਰ ਤੋਂ ਸਾਬਕਾ ਵਿਧਾਇਕ ਅਮਰਜੀਤ ਸਿੰਘ ਸੰਦੋਆ ਨੇ ਪਿੰਡ ਬੜਵਾ ਦੇ ਕੇਸਰ ਸਿੰਘ ਘੁਮਾਣ ਦੇ ਪਿਤਾ ਜਗਤਾਰ ਸਿੰਘ ਘੁਮਾਣ ਦੇ ਅਚਾਨਕ ਦਿਹਾਂਤ 'ਤੇ ਗਹਿਰਾ ਦੁੱਖ ਪ੍ਰਗਟ ਕੀਤਾ ਹੈ। ਸਾਬਕਾ ਵਿਧਾਇਕ ਸੰਦੋਆ ਨੇ ਪਿੰਡ ਬੜਵਾ ਵਿਖੇ ਪਹੁੰਚ ਕੇ ਘੁਮਾਣ ਪਰਿਵਾਰ ਨਾਲ ਸੰਵੇਦਨਾਵਾਂ ਪ੍ਰਗਟਾਉਂਦਿਆਂ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਉਨ੍ਹਾਂ ਕਿਹਾ ਕਿ ਜਗਤਾਰ ਸਿੰਘ ਘੁਮਾਣ ਸਾਦਗੀ ਪਸੰਦ, ਮਿਲਣਸਾਰ ਤੇ ਸਮਾਜ-ਸੇਵਾ ਵਾਲੇ ਵਿਅਕਤੀ ਸਨ, ਜਿਨ੍ਹਾਂ ਦੇ ਦਿਹਾਂਤ ਨਾਲ ਸਮਾਜ ਨੂੰ ਜੋ ਨੁਕਸਾਨ ਹੋਇਆ ਹੈ, ਉਸ ਦੀ ਕਮੀ ਕਦੀ ਪੂਰੀ ਨਹੀਂ ਹੋ ਸਕਦੀ। ਸਾਬਕਾ ਵਿਧਾਇਕ ਸੰਦੋਆ ਨੇ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਇਸ ਪਰਉਪਕਾਰੀ ਵਿਅਕਤੀ ਦੀ ਆਤਮਾ ਨੂੰ ਚਰਨਾਂ ਵਿਚ ਨਿਵਾਸ ਬਖ਼ਸ਼ੇ ਤੇ ਦੁਖੀ ਪਰਿਵਾਰ ਨੂੰ ਹਿੰਮਤ ਤੇ ਵਿਛੋੜਾ ਸਹਿਣ ਦਾ ਬਲ ਬਖ਼ਸ਼ਣ। ਇਸ ਮੌਕੇ ਕੇਸਰ ਸਿੰਘ ਘੁਮਾਣ, ਮਨਦੀਪ ਸਿੰਘ, ਬਿੰਦਰ ਸਿੰਘ ਫੌਜੀ, ਵਿਜੇ ਕੁਮਾਰ ਪਿੰਕਾ, ਹਰਨੇਕ ਸਿੰਘ, ਰਜਿੰਦਰ ਸਿੰਘ, ਜਸਪ੍ਰੀਤ ਸਿੰਘ ਰੰਧਾਵਾ, ਐਮ. ਪੀ. ਸ਼ਰਮਾ, ਰਵਿੰਦਰ ਧੀਮਾਨ ਆਦਿ ਹਾਜ਼ਰ ਸਨ।

ਵਰ੍ਹੇਗੰਢ ਮਨਾਈ

ਮਨਪ੍ਰੀਤ ਸਿੰਘ ਜੌਹਲ ਤੇ ਸੁਖਦੀਪ ਕੌਰ ਜੌਹਲ ਪਿੰਡ ਲੋਹਗੜ੍ਹ ਫਿੱਡੇ (ਰੋਪੜ) ਨੇ 10ਵੀਂ ਵਰ੍ਹੇਗੰਢ ਮਨਾਈ।

ਗੁਰਜੀਤ ਸਿੰਘ (ਮੈਨੇਜਰ) ਤੇ ਕੁਲਦੀਪ ਕੌਰ ਵਾਸੀ ਮਕੜੌਨਾ ਖੁਰਦ ਨੇ ਵਿਆਹ ਦੀ 19ਵੀਂ ਵਰ੍ਹੇਗੰਢ ਮਨਾਈ।

ਬੁੱਧ ਸਿੰਘ ਖੋਖਰ ਸਹਾਇਕ ਜ਼ਿਲ੍ਹਾ ਮੈਨੇਜਰ ਤੇ ਪਰਮਜੀਤ ਕੌਰ ਖੋਖਰ ਵਾਸੀ ਰੂਪਨਗਰ ਨੇ ਵਿਆਹ ਦੀ 28ਵੀਂ ਵਰ੍ਹੇਗੰਢ ਮਨਾਈ।

69ਵੀਆਂ ਪੰਜਾਬ ਰਾਜ ਸਕੂਲ ਖੇਡਾਂ 'ਚ ਖ਼ਾਲਸਾ ਸਕੂਲ ਰੂਪਨਗਰ ਦਾ ਕਿੱਕ ਬਾਕਸਿੰਗ 'ਚ ਸ਼ਾਨਦਾਰ ਪ੍ਰਦਰਸ਼ਨ

ਖ਼ਾਲਸਾ ਸਕੂਲ ਦੇ ਜੇਤੂ ਖਿਡਾਰੀਆਂ ਨੂੰ ਅਸ਼ੀਰਵਾਦ ਦੇਣ ਮੌਕੇ ਪ੍ਰਿੰਸੀਪਲ ਕੁਲਵਿੰਦਰ ਸਿੰਘ ਮਾਹਲ ਅਤੇ ਅਧਿਆਪਕ।

ਰੂਪਨਗਰ, 27 ਨਵੰਬਰ (ਸਤਨਾਮ ਸਿੰਘ ਸੱਤੀ)-69ਵੀਆਂ ਰਾਜ ਸਕੂਲ ਖੇਡਾਂ ਤਹਿਤ ਕਿੱਕ ਬਾਕਸਿੰਗ ਦੇ ਮੁਕਾਬਲੇ ਸੰਗਰੂਰ 'ਚ ਕਰਵਾਏ ਗਏ, ਜਿਨ੍ਹਾਂ ਵਿਚ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਰੂਪਨਗਰ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਤਗਮੇ ਪ੍ਰਾਪਤ ਕੀਤੇ। ਅੰਡਰ-14 ਲੜਕਿਆਂ ਦੇ 42 ਕਿੱਲੋਗ੍ਰਾਮ ਭਾਰ ਵਰਗ 'ਚ ਯਾਕੂਬ ਰਾਏ ਨੇ ਦੂਜਾ ਸਥਾਨ ਹਾਸਿਲ ਕੀਤਾ, ਅੰਡਰ-14 ਲੜਕੀਆਂ ਦੇ 28 ਕਿੱਲੋ ਭਾਰ ਵਰਗ 'ਚ ਏਕਨੂਰ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਖ਼ਾਲਸਾ ਸਕੂਲ ਦੇ ਖਿਡਾਰੀਆਂ ਦੀ ਇਸ ਉਪਲਬਧੀ ਨੇ ਸਕੂਲ, ਮਾਪਿਆਂ ਤੇ ਰੂਪਨਗਰ ਜ਼ਿਲ੍ਹੇ ਦਾ ਮਾਣ ਵਧਾਇਆ ਹੈ। ਇਹ ਪ੍ਰਦਰਸ਼ਨ ਹੋਰ ਵਿਦਿਆਰਥੀ ਖਿਡਾਰੀਆਂ ਲਈ ਪ੍ਰੇਰਣਾਦਾਇਕ ਉਦਾਹਰਣ ਹੈ। ਹਰਬੰਸ ਸਿੰਘ ਕੰਧੋਲਾ, ਮੈਨੇਜਰ, ਅੰਬਾਲਾ ਬੋਰਡ ਆਫ ਐਜੂਕੇਸ਼ਨ ਨੇ ਖਿਡਾਰੀਆਂ ਅਤੇ ਕੋਚ ਨੂੰ ਵਧਾਈ ਦਿੱਤੀ। ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਕੁਲਵਿੰਦਰ ਸਿੰਘ ਮਾਹਲ ਨੇ ਜੇਤੂਆਂ ਨੂੰ ਸਨਮਾਨਿਤ ਕਰਦੇ ਹੋਏ ਅੱਗੇ ਹੋਰ ਮਿਹਨਤ ਕਰਨ ਦੀ ਪ੍ਰੇਰਣਾ ਦਿੱਤੀ। ਇਸ ਮੌਕੇ ਨਵਤੇਜ ਸਿੰਘ, ਗੁਰਪ੍ਰੀਤ ਕੌਰ (ਇੰਚਾਰਜ ਖ਼ਾਲਸਾ ਮਾਡਲ ਸਕੂਲ), ਕੋਚ ਮਨਜਿੰਦਰ ਸਿੰਘ, ਕਰਮਜੀਤ ਕੌਰ, ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

ਸਮਾਰਟ ਸਕੂਲ ਧਮਾਣਾ ਵਿਖੇ ਖਿਡਾਰਨ ਸਾਨੀਆ ਨੂੰ ਸਨਮਾਨ ਕਰਨ ਮੌਕੇ ਪ੍ਰਿੰਸੀਪਲ ਜਗਤਾਰ ਸਿੰਘ ਲੈਹੜੀਆ ਤੇ ਹੋਰ। ਤਸਵੀਰ : ਵਿੰਦਰਪਾਲ ਝਾਂਡੀਆਂ

ਸਮਾਰਟ ਸਕੂਲ ਧਮਾਣਾ ਦੀ ਵਿਦਿਆਰਥਣ ਸਾਨੀਆ ਪਾਵਰ ਵੇਟ ਲਿਫ਼ਟਿੰਗ ਮੁਕਾਬਲੇ 'ਚ ਸੂਬਾ ਪੱਧਰ 'ਤੇ ਦੂਜੇ ਸਥਾਨ 'ਤੇ

ਨੂਰਪੁਰ ਬੇਦੀ, 27 ਨਵੰਬਰ (ਵਿੰਦਰਪਾਲ ਝਾਂਡੀਆਂ)-ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਧਮਾਣਾ ਜੋ ਕਿ ਸਮੇਂ ਸਮੇਂ ਸਿਰ ਵੱਡੀਆਂ ਉਪਲਬਧੀਆਂ ਪ੍ਰਾਪਤ ਕਰਦਾ ਰਹਿੰਦਾ ਹੈ। ਜਿਸ ਤਹਿਤ ਧਮਾਣਾ ਸਕੂਲ ਨੇ ਖੇਡਾਂ 'ਚ ਬਠਿੰਡਾ ਵਿਖੇ ਹੋਏ ਰਾਜ ਪੱਧਰੀ ਮੁਕਾਬਲਿਆਂ 'ਚ ਦੂਜਾ ਸਥਾਨ ਪ੍ਰਾਪਤ ਕੀਤਾ ਹੈ। ਮੀਡੀਆ ਨੂੰ ਜਾਣਕਾਰੀ ਦਿੰਦੇ ਹੋਏ ਡਾ. ਵਿਨੋਦ ਚੰਦਨ ਨੇ ਦੱਸਿਆ ਸਕੂਲ ਪ੍ਰਿੰਸੀਪਲ ਜਗਤਾਰ ਸਿੰਘ ਲੈਹੜੀਆਂ ਦੀ ਯੋਗ ਅਗਵਾਈ 'ਚ ਖੇਡ ਵਿਭਾਗ ਦੇ ਮੁਖੀ ਗੁਰਮੀਤ ਸਿੰਘ ਡੀ. ਪੀ. ਈ. ਦੀ ਦੇਖ-ਰੇਖ ਹੇਠ ਧਮਾਣਾ ਸਕੂਲ ਦੀਆਂ ਦੋ ਵਿਦਿਆਰਥਣਾਂ ਸਾਨੀਆ ਸਪੁੱਤਰੀ ਬਲਵਿੰਦਰ ਸਿੰਘ ਝਾਂਡੀਆਂ ਕਲਾਂ ਤੇ ਅਮਨਦੀਪ ਕੌਰ ਖੱਡ ਰਾਜਗਿਰੀ ਨੇ ਬਠਿੰਡਾ ਵਿਖੇ ਹੋਈਆ ਸਟੇਟ ਪੱਧਰੀ ਪਾਵਰ ਵੇਟ ਲਿਫਟਿੰਗ ਮੁਕਾਬਲਿਆਂ 'ਚ ਭਾਗ ਲਿਆ ਸੀ, ਜਿਸ ਵਿਚ ਸਾਨੀਆ ਝਾਂਡੀਆਂ ਕਲਾਂ ਨੇ ਪੂਰੇ ਰਾਜ ਭਰ ਵਿਚ ਦੂਜਾ ਸਥਾਨ ਹਾਸਿਲ ਕਰਕੇ ਨਾ ਕੇਵਲ ਸਕੂਲ ਦਾ ਸਗੋਂ, ਪੂਰੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ ਤੇ ਸਕੂਲ ਦੀ ਬੱਲੇ ਬੱਲੇ ਕਰਾਈ ਹੈ। ਸਕੂਲ ਪੁੱਜਣ 'ਤੇ ਪ੍ਰਿੰਸੀਪਲ ਜਗਤਾਰ ਸਿੰਘ ਲੈਹੜੀਆ ਤੇ ਸਮੂਹ ਸਟਾਫ਼ ਵਲੋਂ ਸਾਨੀਆ ਤੇ ਅਮਨਦੀਪ ਕੌਰ ਦਾ ਜ਼ੋਰਦਾਰ ਭਰਵਾਂ ਸਵਾਗਤ ਕੀਤਾ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਜਗਤਾਰ ਸਿੰਘ ਨੇ ਖਿਡਾਰਨਾਂ ਨੂੰ ਵਧਾਈ ਦਿੰਦਿਆ ਕਿਹਾ ਕਿ ਇਸ ਮਾਣਮੱਤੀ ਪ੍ਰਾਪਤੀ ਨਾਲ ਇਨ੍ਹਾਂ ਖਿਡਾਰਨਾਂ ਨੇ ਸਕੂਲ ਦਾ ਮਾਣ ਵਧਾਇਆ ਹੈ। ਉਨ੍ਹਾਂ ਨੇ ਗੁਰਮੀਤ ਸਿੰਘ ਅਬਿਆਣਾ ਨੂੰ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ। ਇਸ ਮੌਕੇ ਸਮੁੱਚਾ ਸਟਾਫ਼ ਹਾਜ਼ਰ ਸੀ।

ਸਕੂਲ ਪੁੱਜਣ 'ਤੇ ਖਿਡਾਰਨ ਦਾ ਸਵਾਗਤ ਤੇ ਸਨਮਾਨ

ਜਤੋਲੀ ਵਿਖੇ ਸਿੰਚਾਈ ਵਾਲੇ ਬੋਰ ਦੀ ਆਰੰਭਤਾ ਕਰਦੇ ਹੋਏ ਬੀ. ਸੀ. ਵਿੰਗ ਦੇ ਪ੍ਰਧਾਨ ਭਜਨ ਨਾਲ ਸੋਢੀ ਤੇ ਹਾਜ਼ਰ ਪਿੰਡ ਵਾਸੀ। ਤਸਵੀਰ : ਰਾਜੇਸ਼ ਚੌਧਰੀ

ਵਿਧਾਇਕ ਚੱਢਾ ਦੇ ਯਤਨਾਂ ਸਦਕਾ ਜਤੋਲੀ ਤੇ ਟੇਢੇਵਾਲ ਵਿਖੇ ਸਿੰਚਾਈ ਵਾਲੇ ਬੋਰ ਦੀ ਸ਼ੁਰੂਆਤ

ਨੂਰਪੁਰ ਬੇਦੀ, 27 ਨਵੰਬਰ (ਰਾਜੇਸ਼ ਚੌਧਰੀ ਤਖਤਗੜ੍ਹ)-ਪਿੰਡ ਟੇਢੇਵਾਲ ਤੇ ਜਤੋਲੀ ਵਿਖੇ 60 ਲੱਖ ਰੁਪਏ ਦੀ ਲਾਗਤ ਨਾਲ ਹਲਕਾ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਦੇ ਯਤਨਾਂ ਸਦਕਾ ਸਿੰਚਾਈ ਵਾਲੇ ਬੋਰ ਦੀ ਸ਼ੁਰੂਆਤ ਕਰਵਾਈ ਗਈ, ਜਿਸ ਦਾ ਉਦਘਾਟਨ ਆਮ ਆਦਮੀ ਪਾਰਟੀ ਬੀ. ਸੀ. ਵਿੰਗ ਦੇ ਪ੍ਰਧਾਨ ਭਜਨ ਲਾਲ ਸੋਢੀ ਨੇ ਟੱਕ ਲਗਾ ਕੇ ਕੀਤਾ। ਉਨ੍ਹਾਂ ਕਿਹਾ ਕਿ ਬੋਰ ਲੱਗਣ ਨਾਲ ਦੋਵੇਂ ਪਿੰਡਾਂ ਦੇ ਕਿਸਾਨਾਂ ਨੂੰ ਬੇਹੱਦ ਵੱਡਾ ਲਾਭ ਮਿਲੇਗਾ ਕਿਉਂਕਿ ਜਿਹੜੀ ਜ਼ਮੀਨ ਕਈ ਸਾਲਾਂ ਤੋਂ ਪਾਣੀ ਦੀ ਕਮੀ ਕਰਕੇ ਬੰਜਰ ਪਈ ਸੀ, ਹੁਣ ਉਸ ਨੂੰ ਸਿੰਚਾਈ ਸੁਵਿਧਾ ਮਿਲਣ ਨਾਲ ਖੇਤੀ ਫਿਰ ਤੋਂ ਚੰਗੇ ਪੱਧਰ 'ਤੇ ਹੋਵੇਗੀ ਅਤੇ ਲੋਕਾਂ ਦੀ ਆਰਥਿਕ ਹਾਲਤ 'ਚ ਵੀ ਸੁਧਾਰ ਆਵੇਗਾ। ਜਤੋਲੀ ਤੇ ਟੇਢੇਵਾਲ ਦੇ ਲੋਕਾਂ ਨੇ ਵਿਧਾਇਕ ਦਿਨੇਸ਼ ਚੱਢਾ ਦਾ ਧੰਨਵਾਦ ਕੀਤਾ ਹੈ। ਇਸ ਮੌਕੇ ਭਜਨ ਲਾਲ ਸੋਢੀ ਜ਼ਿਲ੍ਹਾ ਪ੍ਰਧਾਨ ਬੀ ਸੀ ਵਿੰਗ ਰੋਪੜ, ਬਲਜੀਤ ਕੁਮਾਰ, ਅਸ਼ੋਕ ਬਾਬਾ ਜਤੋਲੀ, ਕਮਲ ਠੇਕੇਦਾਰ, ਸੋਹਣ ਲਾਲ, ਮਲਕੀਤ ਸਿੰਘ, ਓਂਕਾਰ ਸਿੰਘ, ਬਲਵੰਤ ਰਾਏ, ਸਰਬਣ ਚੌਧਰੀ, ਜੋਗਿਦਰ ਪਾਲ, ਲਖਵੀਰ ਸਿੰਘ ਸਰਪੰਚ, ਰਾਜਿੰਦਰ ਕੁਮਾਰ ਸਰਪੰਚ, ਭਜਨ ਲਾਲ ਸਾਬਕਾ ਸਰਪੰਚ, ਜਸਵਿੰਦਰ ਕੁਮਾਰ ਠੇਕੇਦਾਰ, ਸੁਰਿੰਦਰ ਕੁਮਾਰ ਚੇਚੀ, ਕਰਮ ਸਿੰਘ, ਤੇਲੂ ਰਾਮ, ਕਮਲ ਜਤੋਲੀ, ਬਲਵੀਰ ਚੌਧਰੀ, ਪਰਮਜੀਤ ਸਿੰਘ ਤੇ ਹੋਰ ਪਿੰਡ ਵਾਸੀ ਹਾਜ਼ਰ ਸਨ।

ਮਜਾਰਾ ਵਿਖੇ ਮਾਤਾ ਸ਼ੀਤਲਾ ਜੀ ਦਾ ਸਾਲਾਨਾ ਭੰਡਾਰਾ 2 ਨੂੰ

ਸ੍ਰੀ ਅਨੰਦਪੁਰ ਸਾਹਿਬ, 27 ਨਵੰਬਰ (ਕਰਨੈਲ ਸਿੰਘ)-ਸ੍ਰੀ ਅਨੰਦਪੁਰ ਸਾਹਿਬ ਦੇ ਨਾਲ ਲਗਦੇ ਪਿੰਡ ਮਜਾਰਾ ਵਾਰਡ ਨੰਬਰ 1 ਵਿਖੇ ਸਥਿਤ ਪ੍ਰਾਚੀਨ ਮਾਤਾ ਸ਼ੀਤਲਾ ਜੀ ਦੇ ਮੰਦਰ ਵਿਖੇ ਲੱਗਣ ਵਾਲਾ ਸਾਲਾਨਾ ਭੰਡਾਰਾ 2 ਦਸੰਬਰ ਨੂੰ ਸ਼ਰਧਾ ਨਾਲ ਲਗਾਇਆ ਜਾ ਰਿਹਾ ਹੈ। ਇਸ ਮੌਕੇ ਹੋਣ ਵਾਲੇ ਧਾਰਮਿਕ ਸਮਾਗਮ ਸੰਬੰਧੀ ਵਧੇਰੇ ਜਾਣਕਾਰੀ ਦਿੰਦੇ ਹੋਏ ਪ੍ਰਬੰਧਕਾਂ ਨੇ ਦੱਸਿਆ ਕਿ ਇਸ ਪਵਿੱਤਰ ਦਿਹਾੜੇ 'ਤੇ ਸਭ ਤੋਂ ਪਹਿਲਾਂ ਇਥੋਂ ਦੇ ਮਹੱਲਾ ਚੋਈ ਬਾਜ਼ਾਰ 'ਚੋਂ ਇਕ ਸ਼ੋਭਾ ਯਾਤਰਾ ਸਜਾਈ ਜਾ